# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 27-09-2024**

- ਪੰਜਾਬ ਵਿਚ ਗ੍ਰਾਮ ਪੰਚਾਇਤਾਂ ਦੀਆਂ ਆਮ ਚੋਣਾਂ ਦੇ ਐਲਾਨ ਉਪਰੰਤ ਅੱਜ ਤੋਂ ਨਾਮਜ਼ਦਗੀ ਪ੍ਰਕਿਰਿਆ ਸ਼ੁਰੂ ਹੋ ਗਈ ਏ।

- ਹਰਿਆਣਾ ਵਿੱਚ ਬੀਜੇਪੀ ਆਗੂ ਅਤੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਰੇਵਾੜੀ ਵਿੱਚ ਇੱਕ ਜਨਤਕ ਰੈਲੀ ਨੂੰ ਸੰਬੋਧਨ ਕੀਤਾ।

- ਕੇਂਦਰ ਸਰਕਾਰ ਨੇ ਵੱਖ-ਵੱਖ ਮੰਤਰਾਲਿਆਂ ਨਾਲ ਜੁੜੀਆਂ 24 ਸੰਸਦੀ ਕਮੇਟੀਆਂ ਦਾ ਗਠਨ ਕੀਤਾ ਏ।
- ਅੱਜ ਵਿਸ਼ਵ ਸੈਰ ਸਪਾਟਾ ਦਿਵਸ ਮਨਾਇਆ ਜਾ ਰਿਹਾ ਏ। ਪੰਜਾਬ ਦੇ ਕਈ ਜਿਲ੍ਹਿਆਂ ਵਿਚ ਵੱਖ-ਵੱਖ ਪ੍ਰੋਗਰਾਮ ਕਰਵਾਏ ਗਏ।

**ਤੇ ਹੁਣ ਖਬਰਾਂ ਵਿਸਥਾਰ ਨਾਲ.......**

---------------------------------------------------------

ਰਾਜ ਚੋਣ ਕਮਿਸ਼ਨ ਦੁਆਰਾ ਗ੍ਰਾਮ ਪੰਚਾਇਤਾਂ ਦੀਆਂ ਆਮ ਚੋਣਾਂ ਦੇ ਐਲਾਨ ਉਪਰੰਤ ਅੱਜ ਤੋਂ ਨਾਮਜ਼ਦਗੀ ਪ੍ਰਕਿਰਿਆ ਸ਼ੁਰੂ ਹੋ ਚੁੱਕੀ ਏ। ਫਰੀਦਕੋਟ ਦੇ ਡਿਪਟੀ ਕਮਿਸ਼ਨਰ ਵਿਨੀਤ ਕੁਮਾਰ ਨੇ ਕਿਹਾ ਕਿ ਗ੍ਰਾਮ ਪੰਚਾਇਤਾਂ ਦੀਆਂ ਆਮ ਚੋਣਾਂ ਲਈ ਉਮੀਦਵਾਰਾਂ ਨੂੰ ਲੋੜੀਂਦੇ ਦਸਤਾਵੇਜ਼ਾਂ ਦੇ ਨਾਲ ਆਪਣੇ ਨਾਮਜ਼ਦਗੀ ਪੱਤਰ ਦਾਖਲ ਕਰਨ ਦੀ ਲੋੜ ਹੁੰਦੀ ਏ। ਉਨ੍ਹਾਂ ਕਿਹਾ ਕਿ ਉਮੀਦਵਾਰ ਨੂੰ ਜੇਕਰ ਨਾਮਜ਼ਦਗੀ ਪੱਤਰ ਦਾਖਲ ਕਰਨ ਮੌਕੇ ਸਬੰਧਤ ਅਥਾਰਟੀ ਤੋਂ ਕੋਈ ਬਕਾਇਆ ਨਹੀਂ ਸਰਟੀਫਿਕੇਟ" ਜਾਂ "ਕੋਈ ਇਤਰਾਜ਼ ਨਹੀਂ ਸਰਟੀਫਿਕੇਟ" ਪ੍ਰਾਪਤ ਕਰਨ ਵਿੱਚ ਕਿਸੇ ਤਰ੍ਹਾਂ ਦੀ ਮੁਸ਼ਕਲ ਆਉਂਦੀ ਹੈ ਤਾਂ ਉਮੀਦਵਾਰ ਉਸ ਦੀ ਜਗ੍ਹਾਂ ਇੱਕ ਹਲਫ਼ਨਾਮਾ ਦਾਇਰ ਕਰ ਸਕਦੇ ਨੇ। ਉਨ੍ਹਾਂ ਕਿਹਾ ਕਿ ਉਸ ਹਲਫਨਾਮੇ ਵਿੱਚ ਉਮੀਦਵਾਰ ਵੱਲੋਂ ਇਹ ਦਰਜ ਕੀਤਾ ਹੋਵੇ ਕਿ ਉਨ੍ਹਾਂ ਉਪਰ ਕੋਈ ਕਿਸੇ ਟੈਕਸ ਜਾਂ ਹੋਰ ਕੋਈ ਬਕਾਇਆ ਨਹੀਂ ਏ ਅਤੇ ਕਿਸੇ ਸਥਾਨਕ ਅਥਾਰਟੀ ਨਾਲ ਸਬੰਧਤ ਜਾਇਦਾਦ ਤੇ ਅਣਅਧਿਕਾਰਤ ਕਬਜ਼ੇ ਨਹੀਂ ਨੇ।

----------------------------------------------------------------

ਪਟਿਆਲਾ ਦੇ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪਟਿਆਲਾ ਜ਼ਿਲ੍ਹੇ ਦੀਆਂ 1022 ਗ੍ਰਾਮ ਪੰਚਾਇਤਾਂ ਦੇ ਰਾਖਵੇਂਕਰਨ ਦੀਆਂ ਸੂਚੀਆਂ ਪਟਿਆਲਾ ਜ਼ਿਲ੍ਹੇ ਦੇ ਸਮੂਹ ਬੀ.ਡੀ.ਪੀ.ਓ. ਦਫ਼ਤਰਾਂ ਕੋਲ ਉਪਲਬੱਧ ਨੇ ਅਤੇ ਪਟਿਆਲਾ ਜ਼ਿਲ੍ਹਾ ਪ੍ਰਸ਼ਾਸਨ ਦੀ ਵੈਬਸਾਈਟ  ਤੋਂ ਡਾਊਨਲੋਡ ਵੀ ਕੀਤੀਆਂ ਜਾ ਸਕਦੀਆਂ ਨੇ। ਉਨ੍ਹਾਂ ਦੱਸਿਆ ਕਿ ਸਾਰੀਆਂ ਸੂਚੀਆਂ ਬੀ.ਡੀ.ਪੀ.ਓਜ ਦਫ਼ਤਰਾਂ ਵਿਖੇ ਲਗਾਈਆਂ ਗਈਆਂ ਨੇ ਅਤੇ ਇਹ ਸੂਚੀਆਂ ਡੀ.ਡੀ.ਪੀ.ਓ ਦਫ਼ਤਰ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਪਟਿਆਲਾ ਵਿਖੇ ਵੀ ਉਪਲਬੱਧ ਨੇ।

----------------------------------------------------------------

ਫ਼ਰੀਦਕੋਟ ਦੇ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਵਿਨੀਤ ਕੁਮਾਰ ਨੇ ਦੱਸਿਆ ਕਿ ਫ਼ਰੀਦਕੋਟ ਪ੍ਰਸ਼ਾਸਨ ਜ਼ਿਲ੍ਹੇ ਵਿੱਚ ਆਜ਼ਾਦ, ਨਿਰਪੱਖ ਅਤੇ ਪਾਰਦਰਸ਼ੀ ਚੋਣਾਂ ਕਰਵਾਉਣ ਲਈ ਪੂਰੀ ਤਰ੍ਹਾਂ ਤਿਆਰ ਏ। ਉਨ੍ਹਾਂ ਦੱਸਿਆ 28 ਸਤੰਬਰ ਨੂੰ ਛੁੱਟੀ ਹੋਣ ਕਾਰਨ ਕੋਈ ਨਾਮਜ਼ਦਗੀ ਸਵੀਕਾਰ ਨਹੀਂ ਕੀਤੀ ਜਾਵੇਗੀ।  ਨਾਮਜ਼ਦਗੀ ਪੱਤਰ ਦਾਖਲ ਕਰਨ ਦੀ

ਆਖਰੀ ਮਿਤੀ 4 ਅਕਤੂਬਰ ਹੋਵੇਗੀ । ਕਾਗਜ਼ਾਂ ਦੀ ਪੜਤਾਲ 5 ਅਕਤੂਬਰ ਨੂੰ ਕੀਤੀ ਜਾਵੇਗੀ ਜਦਕਿ ਨਾਮਜ਼ਦਗੀ ਵਾਪਸ ਲੈਣ ਦੀ ਆਖਰੀ ਮਿਤੀ 7 ਅਕਤੂਬਰ ਸ਼ਾਮ 3 ਵਜੇ ਤੱਕ ਤੈਅ ਕੀਤੀ ਗਈ ਏ।

--------------------------------------------------

ਹਰਿਆਣਾ ਵਿੱਚ ਬੀਜੇਪੀ ਆਗੂ ਅਤੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਅੱਜ ਰੇਵਾੜੀ ਵਿੱਚ ਇੱਕ ਜਨਤਕ ਰੈਲੀ ਨੂੰ ਸੰਬੋਧਨ ਕੀਤਾ। ਇਸ ਮੌਕੇ ਬੋਲਦਿਆਂ ਸ੍ਰੀ ਸ਼ਾਹ ਨੇ ਕਿਹਾ ਕਿ ਕਾਂਗਰਸ ਪਾਰਟੀ ਸੂਬੇ ਦਾ ਸਰਵਪੱਖੀ ਵਿਕਾਸ ਨਹੀਂ ਕਰਵਾ ਸਕਦੀ। ਸ੍ਰੀ ਸ਼ਾਹ ਅੱਜ ਕੁਰੂਕਸ਼ੇਤਰ ਜ਼ਿਲ੍ਹੇ ਦੇ ਲਾਡਵਾ ਸ਼ਹਿਰ ਵਿੱਚ ਇੱਕ ਚੋਣ ਰੈਲੀ ਨੂੰ ਵੀ ਸੰਬੋਧਨ ਕਰਨਗੇ। ਬੀਜੇਪੀ ਆਗੂ ਅਤੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਲਾਡਵਾ ਹਲਕੇ ਤੋਂ ਚੋਣ ਲੜ ਰਹੇ ਨੇ। ਕੇਂਦਰੀ ਗ੍ਰਹਿ ਮੰਤਰੀ ਦੀ ਫੇਰੀ ਦੇ ਮੱਦੇਨਜ਼ਰ ਸੁਰੱਖਿਆ ਦੇ ਸਖ਼ਤ ਪ੍ਰਬੰਧ ਕੀਤੇ ਗਏ ਨੇ। ਦੂਜੇ ਪਾਸੇ ਆਮ ਆਦਮੀ ਪਾਰਟੀ ਅਤੇ ਹੋਰ ਖੇਤਰੀ ਪਾਰਟੀਆਂ ਦੇ ਆਗੂ ਵੀ ਆਪਣੇ ਉਮੀਦਵਾਰਾਂ ਲਈ ਜ਼ੋਰਦਾਰ ਪ੍ਰਚਾਰ ਕਰ ਰਹੇ ਨੇ।

---------------------------------------------------------

ਕੇਂਦਰ ਸਰਕਾਰ ਨੇ ਵੱਖ-ਵੱਖ ਮੰਤਰਾਲਿਆਂ ਨਾਲ ਜੁੜੀਆਂ 24 ਸੰਸਦੀ ਕਮੇਟੀਆਂ ਦਾ ਗਠਨ ਕੀਤਾ ਏ। ਇਸ 'ਚ ਬੀਜੇਪੀ ਨੇਤਾ ਰਾਧਾ ਮੋਹਨ ਸਿੰਘ ਨੂੰ ਰੱਖਿਆ ਮਾਮਲਿਆਂ, ਭਰਤਰਿਹਰੀ ਮਹਿਤਾਬ ਨੂੰ ਵਿੱਤ ਮਾਮਲਿਆਂ, ਰਾਧਾ ਮੋਹਨ ਦਾਸ ਅਗਰਵਾਲ ਨੂੰ ਗ੍ਰਹਿ ਮਾਮਲਿਆਂ ਅਤੇ ਕਾਂਗਰਸ ਨੇਤਾ ਸ਼ਸ਼ੀ ਥਰੂਰ ਨੂੰ ਵਿਦੇਸ਼ੀ ਮਾਮਲਿਆਂ ਦੀ ਕਮੇਟੀ ਦਾ ਚੇਅਰਮੈਨ ਬਣਾਇਆ ਗਿਆ ਏ। ਲੋਕ ਸਭਾ 'ਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਨੂੰ ਰੱਖਿਆ ਮਾਮਲਿਆਂ ਦੀ ਕਮੇਟੀ ਦਾ ਮੈਂਬਰ ਬਣਾਇਆ ਗਿਆ ਹੈ। ਸੋਨੀਆ ਗਾਂਧੀ ਦਾ ਨਾਮ ਕਿਸੇ ਕਮੇਟੀ ਵਿੱਚ ਨਹੀਂ ਏ। ਵਿਭਾਗ ਸਬੰਧਤ ਕੁੱਲ 24 ਸਥਾਈ ਕਮੇਟੀਆਂ ਵਿੱਚੋਂ 11 ਦੀ ਪ੍ਰਧਾਨਗੀ ਬੀਜੇਪੀ ਦੇ ਮੈਂਬਰਾਂ ਨੂੰ ਮਿਲੀ ਏ। ਚਾਰ ਕਮੇਟੀਆਂ ਦੀ ਅਗਵਾਈ ਭਾਜਪਾ ਦੇ ਸਹਿਯੋਗੀ ਦਲਾਂ ਨੂੰ ਮਿਲੀ ਏ। ਕਾਂਗਰਸ ਨਾਲ ਜੁੜੇ ਆਗੂ ਚਾਰ ਕਮੇਟੀਆਂ ਦੀ ਪ੍ਰਧਾਨਗੀ ਕਰਨਗੇ। ਦੋ-ਦੋ ਕਮੇਟੀਆਂ ਦੀ ਪ੍ਰਧਾਨਗੀ ਡੀਐਮਕੇ ਅਤੇ ਤ੍ਰਿਣਮੂਲ ਕਾਂਗਰਸ ਦੇ ਸੰਸਦ ਮੈਂਬਰ ਕਰਨਗੇ ਅਤੇ ਇੱਕ ਸੰਸਦੀ ਸਥਾਈ ਕਮੇਟੀ ਦੀ ਪ੍ਰਧਾਨਗੀ ਸਮਾਜਵਾਦੀ ਪਾਰਟੀ ਦੇ ਸੰਸਦ

ਕਰਨਗੇ। ਹਰ ਕਮੇਟੀ ਵਿੱਚ ਲੋਕ ਸਭਾ ਦੇ 21 ਅਤੇ ਰਾਜ ਸਭਾ ਦੇ 10 ਮੈਂਬਰ ਸ਼ਾਮਲ ਕੀਤੇ ਗਏ

---------------------------------------------------

ਤਰਨਤਾਰਨ ਵਿਖੇ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਨੇ ਕਿਸਾਨਾਂ ਨੂੰ ਝੋਨੇ ਦੀ ਪਰਾਲੀ ਨੂੰ ਸਾੜਨ ਦੀ ਥਾਂ ਓਸ ਦੇ ਸੁਚੱਜੇ ਪ੍ਰਬੰਧਾਂ ਸਬੰਧੀ ਜਾਣਕਾਰੀ ਦੇਣ ਲਈ ਨਾਗੋਕੇ ਵਿਖੇ  ਜਾਗਰੂਕਤਾ ਕੈਂਪ ਲਾਇਆ। ਇਸ ਕੈਂਪ ਦੌਰਾਨ ਮੁੱਖ ਖੇਤੀਬਾੜੀ ਅਫ਼ਸਰ ਡਾ. ਹਰਪਾਲ ਸਿੰਘ ਪੰਨੂ ਨੇ ਕਿਸਾਨਾਂ ਨੂੰ ਪਰਾਲੀ ਨੂੰ ਅੱਗ ਨਾ ਲਗਾਉਣ ਸਬੰਧੀ ਅਪੀਲ ਕਰਦਿਆਂ ਕਿਹਾ ਕਿ ਪਰਾਲੀ ਨੂੰ ਅੱਗ ਲਾਉਣ ਨਾਲ ਮਿੱਤਰ ਕੀੜੇ ਮਰ ਜਾਂਦੇ ਨੇ ਅਤੇ ਜਮੀਨ ਦੀ ਉਪਜਾਊ ਸ਼ਕਤੀ ਘਟਦੀ ਏ। ਪਰਾਲੀ ਨੂੰ ਅੱਗ ਲਾਉਣ ਨਾਲ ਸੜਕੀ ਹਾਦਸੇ ਵਾਪਰਦੇ ਨੇ ਅਤੇ ਜ਼ਹਿਰੀਲੇ ਧੂਏ ਨਾਲ ਗਰਭਵਤੀ ਮਹਿਲਾਵਾਂ ਅਤੇ ਬਜ਼ੁਰਗਾਂ ਦਾ ਵਾਤਾਵਰਨ ਵਿੱਚ ਸਾਹ ਲੈਣਾ ਔਖਾ ਹੋ ਜਾਂਦਾ ਏ।   ਨੇ।

---------------------------------------------------

ਬਠਿੰਡਾ ਵਿਖੇ ਡਿਪਟੀ ਕਮਿਸ਼ਨਰ ਸ਼ੌਕਤ ਅਹਿਮਦ ਪਰੇ ਨੇ ਦੱਸਿਆ ਕਿ

ਡਾਇਰੈਕਟਰ ਸਮਾਜਿਕ ਸੁਰੱਖਿਆ ਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ ਦੀ ਅਗਵਾਈ ਹੇਠ ਖੇਡ ਵਿਭਾਗ ਵੱਲੋਂ ਪਹਿਲੀ ਪੈਰ੍ਹਾ ਖੇਡਾਂ ਨੂੰ ''ਖੇਡਾਂ ਵਤਨ ਪੰਜਾਬ ਦੀਆਂ'' ਵਿਚ ਸ਼ਾਮਲ ਕੀਤਾ ਗਿਆ ਏ। ਇਨ੍ਹਾਂ ਖੇਡਾ 'ਚ ਪੈਰ੍ਹਾ ਐਥਲੈਟਿਕ, ਪੈਰ੍ਹਾ ਬੈਡਮਿੰਟਨ ਅਤੇ ਪੈਰ੍ਹਾ ਪਾਵਰ ਲਿਫਟਿੰਗ ਨੂੰ ਸ਼ਾਮਿਲ ਕੀਤਾ ਗਿਆ ਏ। ਇਸ ਬਾਰੇ ਹੋਰ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫਸਰ ਪੰਕਜ ਕੁਮਾਰ ਨੇ ਦੱਸਿਆ ਕਿ ਇਹ ਖੇਡਾਂ 20 ਨਵੰਬਰ ਤੋਂ 25 ਨਵੰਬਰ 2024 ਤੱਕ ਜ਼ਿਲ੍ਹਾ ਲੁਧਿਆਣਾ ਦੇ ਗੁਰੂ ਨਾਨਕ ਸਟੇਡੀਅਮ ਵਿਖੇ ਆਯੋਜਿਤ ਕਰਵਾਈਆ ਜਾ ਰਹੀਆ ਨੇ। ਇਨ੍ਹਾਂ ਖੇਡਾਂ 'ਚ ਅੰਡਰ 15 ਅਤੇ 15 ਤੋਂ ਉਪਰ ਤੱਕ ਦੇ ਖਿਡਾਰੀ ਭਾਗ ਲੈ ਸਕਦੇ ਨੇ। ਉਨ੍ਹਾਂ ਕਿਹਾ ਕਿ 18 ਤੋਂ 30 ਸਤੰਬਰ ਤੱਕ ਖਿਡਾਰੀਆਂ ਦੀ ਆਫ-ਲਾਈਨ ਰਸਿਟ੍ਰੇਸ਼ਨ ਸਥਾਨਕ ਸ਼ਹੀਦ ਭਗਤ ਸਿੰਘ ਬਹੁ ਮੰਤਵੀ ਖੇਡ ਸਟੇਡੀਅਮ ਵਿਖੇ ਕੀਤੀ ਜਾਵੇਗੀ।

---------------------------------------------------

ਅੱਜ ਵਿਸ਼ਵ ਸੈਰ ਸਪਾਟਾ ਦਿਵਸ ਮਨਾਇਆ ਜਾ ਰਿਹਾ ਏ। ਇਹ ਦਿਨ ਹਰ ਸਾਲ 27 ਸਤੰਬਰ ਨੂੰ ਲੋਕਾਂ ਨੂੰ ਇੱਕ ਦੂਜੇ ਨਾਲ ਜੋੜ ਕੇ ਰੱਖਣ

ਅਤੇ ਆਰਥਿਕਤਾ ਨੂੰ ਮਜ਼ਬੂਤ ਕਰਨ ਵਿੱਚ ਸੈਰ-ਸਪਾਟੇ ਦੀ ਭੂਮਿਕਾ ਨੂੰ ਉਜਾਗਰ ਕਰਨ ਦੇ ਉਦੇਸ਼ ਨਾਲ ਮਨਾਇਆ ਜਾਂਦਾ ਏ। ਇਸ ਸਾਲ ਦਾ ਥੀਮ ਸੈਰ-ਸਪਾਟਾ ਅਤੇ ਸ਼ਾਂਤੀ ਏ। ਉਪ ਰਾਸ਼ਟਰਪਤੀ ਜਗਦੀਪ ਧਨਖੜ ਨੇ ਕਿਹਾ ਏ ਕਿ ਸੈਰ ਸਪਾਟਾ ਲੋਕਾਂ ਨੂੰ ਆਪਸ ਵਿੱਚ ਜੋੜਦਾ ਏ, ਜੋ ਕਿ ਸਮੇਂ ਦੀ ਲੋੜ ਏ। ਅੱਜ ਨਵੀਂ ਦਿੱਲੀ ਵਿੱਚ ਵਿਸ਼ਵ ਸੈਰ ਸਪਾਟਾ ਦਿਵਸ ਮੌਕੇ ਆਪਣੇ ਸੰਬੋਧਨ ਵਿੱਚ ਉਨ੍ਹਾਂ ਕਿਹਾ ਕਿ ਸ਼ਾਂਤੀ ਸਥਾਪਤ ਕਰਨ ਵਿੱਚ ਸੈਰ ਸਪਾਟਾ ਬਹੁਤ ਵੱਡਾ ਯੋਗਦਾਨ ਪਾਉਂਦਾ ਏ।

---------------------------------------------------------------

ਸੈਰ-ਸਪਾਟਾ ਮੰਤਰੀ ਗਜੇਂਦਰ ਸਿੰਘ ਸ਼ੇਖਾਵਤ ਨੇ ਇਸ ਮੌਕੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਸੈਰ ਸਪਾਟੇ ਰਾਹੀਂ ਵੱਖ-ਵੱਖ ਸੱਭਿਆਚਾਰਾਂ ਅਤੇ ਕੌਮਾਂ ਦਰਮਿਆਨ ਆਪਸੀ ਸਾਂਝ ਦੇ ਪੁਲ ਬਣਾਏ ਜਾ ਸਕਦੇ ਨੇ।

---------------------------------------------------------------

ਬਠਿੰਡਾ ਵਿਖੇ ਟੂਰਿਜ਼ਮ ਵਿਭਾਗ ਨੇ ਜ਼ਿਲ੍ਹਾ ਪ੍ਰਸ਼ਾਸਨ ਦੇ ਸਹਿਯੋਗ ਨਾਲ ਵਰਲਡ ਟੂਰਿਜ਼ਮ ਡੇਅ ਦੇ ਮੱਦੇਨਜ਼ਰ ਹੈਰੀਟੇਜ ਵਾਕ ਕਰਵਾਈ ਗਈ। ਇਹ ਹੈਰੀਟੇਜ ਵਾਕ ਸਥਾਨਕ ਫਾਇਰ ਬ੍ਰਿਗੇਡ ਤੋਂ ਸ਼ੁਰੂ ਹੋ ਕੇ ਕਿਲ੍ਹਾ

ਮੁਬਾਰਕ ਵਿਖੇ ਨਤਮਸਤਕ ਹੋ ਕੇ ਸਮਾਪਤ ਕੀਤੀ ਗਈ। ਇਸ ਮੌਕੇ ਆਬਕਾਰੀ ਤੇ ਕਰ ਵਿਭਾਗ ਦੇ ਚੇਅਰਮੈਨ ਅਨਿਲ ਠਾਕੁਰ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਟੂਰਿਜ਼ਮ ਨੂੰ ਹੋਰ ਪ੍ਰਫੁੱਲਤ ਕਰਨ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਨੇ। ਇਸ ਦੌਰਾਨ ਪੰਜਾਬ ਮੀਡੀਅਮ ਇੰਡਸਟਰ੍ਰੀਜ਼ ਡਿਵੈਲਪਮੈਂਟ ਬੋਰਡ ਦੇ ਚੇਅਰਮੈਨ ਨੀਲ ਗਰਗ ਨੇ ਮੀਡੀਆ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਟੂਰਿਜ਼ਮ ਸਾਡੇ ਸੱਭਿਆਚਾਰ ਤੇ ਸਮਾਜ ਦੀ ਰੂਹ ਏ। ਉਨ੍ਹਾਂ ਇੱਕ ਸਵਾਲ ਦਾ ਜਵਾਬ ਦਿੰਦਿਆਂ ਕਿਹਾ ਕਿ ਬਠਿੰਡਾ ਦੀਆਂ ਪੁਰਾਤਨ ਇਮਾਰਤਾਂ ਦੀ ਸਾਂਭ-ਸੰਭਾਲ ਤੋਂ ਇਲਾਵਾ ਸ਼ਹਿਰ ਦੇ ਵਿਕਾਸ ਲਈ ਕੋਈ ਵੀ ਕਸਰ ਬਾਕੀ ਨਹੀਂ ਛੱਡੀ ਜਾਵੇਗੀ।

---------------------------------------------------

ਓਧਰ, ਪਟਿਆਲਾ ਵਿਖੇ ਵਿਸ਼ਵ ਸੈਰ ਸਪਾਟਾ ਦਿਵਸ ਮੌਕੇ ਇੱਥੇ ਵੱਖ ਵੱਖ ਸਕੂਲਾਂ ਦੇ ਵਿਦਿਆਰਥੀਆਂ ਨੇ ਸ਼ਹਿਰ ਦੀਆਂ ਵਿਰਾਸਤੀ ਥਾਵਾਂ ਦੀ ਵਿਰਾਸਤੀ ਸੈਰ ਕੀਤੀ । ਇਸ ਬਾਰੇ ਜਾਣਕਾਰੀ ਦਿੰਦਿਆਂ ਏ.ਡੀ.ਸੀ ਈਸ਼ਾ ਸਿੰਗਲ ਨੇ ਦੱਸਿਆ ਕਿ ਡਿਪਟੀ ਕਮਿਸ਼ਨਰ ਡਾ: ਪ੍ਰੀਤੀ ਯਾਦਵ

ਦੀ ਅਗਵਾਈ ਹੇਠ ਸੈਰ ਸਪਾਟਾ ਵਿਭਾਗ, ਜ਼ਿਲ੍ਹਾ ਪ੍ਰਸ਼ਾਸ਼ਨ ਤੇ ਖੇਡ ਵਿਭਾਗ ਵੱਲੋਂ ਇਥੇ ਕਰਵਾਈ ਗਈ ਇਸ ਵਿਰਾਸਤੀ ਸੈਰ ਵਿੱਚ 100 ਤੋਂ ਵੱਧ ਵਿਦਿਆਰਥੀਆਂ ਨੇ ਵੱਧ ਚੜ੍ਹ ਕੇ ਹਿੱਸਾ ਲਿਆ । ਇਹ ਵਿਰਾਸਤੀ ਸੈਰ ਸਵੇਰੇ 7 ਵਜੇ ਸ਼ਾਹੀ ਸਮਾਧਾਂ ਤੋਂ ਸ਼ੁਰੂ ਹੋ ਕੇ ਕਿਲਾ ਮੁਬਾਰਕ ਪਟਿਆਲਾ ਵਿਖੇ ਸਮਾਪਤ ਹੋਈ । ਇਸ ਵਿਰਾਸਤੀ ਸੈਰ ਦੌਰਾਨ ਵਿਦਿਆਰਥੀਆਂ ਨੂੰ ਪਟਿਆਲਾ ਦੀ ਬਣਤਰ ਅਤੇ ਇਤਿਹਾਸ ਬਾਰੇ ਜਾਣਕਾਰੀ ਦਿੱਤੀ। ਇਸ ਦੌਰਾਨ ਵਿਭਾਗ ਨੇ ਪਟਿਆਲਾ ਜ਼ਿਲ੍ਹੇ ਦੇ ਵੱਖ ਵੱਖ ਸਕੂਲਾਂ ਦੇ ਵਿਦਿਆਰਥੀਆਂ ਦੇ ਕਵਿਤਾ ਗਾਇਨ, ਪੇਟਿੰਗ, ਪੋਸਟਰ ਮੇਕਿੰਗ ਅਤੇ ਲੇਖ ਲਿਖਣ ਦੇ ਮੁਕਾਬਲੇ ਵੀ ਕਰਵਾਏ।

ਇਸੇ ਤਰ੍ਹਾਂ ਸ੍ਰੀ ਮੁਕਤਸਰ ਸਾਹਿਬ ਜ਼ਿਲ੍ਹਾ ਪ੍ਰਸ਼ਾਸਨ ਨੇ ਅੱਜ ਵੱਖ-ਵੱਖ ਵਿਭਾਗਾਂ ਦੇ ਸਹਿਯੋਗ ਨਾਲ ਵਿਸ਼ਵ ਸੈਰ ਸਪਾਟਾ ਦਿਵਸ ਸਬੰਧੀ ਇਕ ਪ੍ਰੋਗਰਾਮ ਕਰਾਇਆ। ਇਸ ਮੌਕੇ ਤੇ ਡਿਪਟੀ ਕਮਿਸ਼ਨਰ ਨੇ ਸੰਬੋਧਿਤ ਕਰਦਿਆਂ ਕਿਹਾ ਕਿ ਸ੍ਰੀ ਮੁਕਤਸਰ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਦੀ ਚਰਨ ਛੋਹ ਪ੍ਰਾਪਤ ਧਰਤੀ ਇੱਕ ਪਵਿੱਤਰ ਅਤੇ ਧਾਰਮਿਕ ਧਰਤੀ ਏ, ਜਿੱਥੇ 40 ਮੁਕਤਿਆਂ ਨੇ ਆਪਣੀਆਂ ਸ਼ਹੀਦੀਆਂ ਦਿੱਤੀਆਂ ਨੇ, ਇਹ

ਪਵਿੱਤਰ ਧਰਤੀ ਸੈਰ ਸਪਾਟੇ ਦੇ ਤੌਰ ਤੇ ਇੱਕ ਇਤਿਹਾਸਕ ਅਤੇ ਵਿਕਸਤ ਸ਼ਹਿਰ ਵੀ ਏ। ਉਹਨਾਂ ਕਿਹਾ ਕਿ 40 ਮੁਕਤਿਆਂ ਦੀ ਯਾਦ ਵਿੱਚ ਇੱਥੇ ਬਣੀ ਮੁਕਤੇ-ਮਿਨਾਰ ਨੂੰ ਸੈਰ ਸਪਾਟੇ ਦੇ ਤੌਰ ਤੇ ਵਿਕਸਤ ਕਰਨ ਲਈ ਕਿਸੇ ਵੀ ਪ੍ਰਕਾਰ ਦੀ ਕੋਈ ਕਮੀ ਨਹੀਂ ਛੱਡੀ ਜਾਵੇਗੀ ਅਤੇ ਇਸ ਤੋਂ ਇਲਾਵਾ ਵੱਖ-ਵੱਖ ਦਿਨਾਂ ਤੇ ਆਯੋਜਿਤ ਹੋਣ ਵਾਲੇ ਦਿਨ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਮੁਕਤੇ-ਮਿਨਾਰ ਵਿੱਚ ਆਯੋਜਿਤ ਕੀਤੇ ਜਾਇਆ ਕਰਨਗੇ।

-------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਬੂਟੇ ਲਾਉਣ ਦੀ ਮੁਹਿੰਮ, 'ਏਕ ਪੇੜ ਮਾਂ ਕੇ ਨਾਮ' ਤਹਿਤ ਦੇਸ਼ ਭਰ ਦੇ ਲੋਕਾਂ ਨੂੰ ਇਸ ਬਰਸਾਤ ਦੇ ਮੌਸਮ ਵਿਚ ਬੂਟੇ ਲਗਾਉਣ ਦਾ ਸਦਾ ਦਿੱਤਾ ਏ । ਸਮਾਜ ਸੇਵੀ ਸੰਸਥਾਵਾਂ, ਵਾਤਾਵਰਨ ਪ੍ਰੇਮੀ ਅਤੇ ਆਮ ਲੋਕ ਇਸ ਮੁਹਿੰਮ ਨੂੰ ਲੈ ਕੇ ਬੇਹੱਦ ਉਤਸ਼ਾਹਤ ਨੇ ਅਤੇ ਵੱਖ ਵੱਖ ਕਿਸਮ ਦੇ ਬੂਟੇ ਵੀ ਲਗਾ ਰਹੇ ਨੇ । ਵੱਖ-ਵੱਖ ਜ਼ਿਲਿਆਂ ਤੋਂ ਬੂਟੇ ਲਾਉਣ ਬਾਰੇ ਚੱਲ ਰਹੀਆਂ ਗਤੀਵਿਧੀਆਂ ਬਾਰੇ ਜਾਣਕਾਰੀ ਦਿਦਿਆਂ ਲੋਕਾਂ ਨੇ ਦਸਿਆ

-------------------------------------------------------

Bjp ਦੇ ਰਾਸ਼ਟਰੀ ਪ੍ਰਧਾਨ ਜੇ.ਪੀ ਜੇਪੀ ਨੱਡਾ ਅਤੇ ਸੂਬਾ ਪ੍ਰਧਾਨ ਸੁਨੀਲ ਜਾਖੜ ਦੇ ਨਿਰਦੇਸ਼ਾ ਤੇ ਬੀਤੀ 17 ਸਤੰਬਰ ਤੋਂ 2 ਅਕਤੂਬਰ ਤੱਕ ਸੇਵਾ ਪਖਵਾੜੇ ਦੇ ਤੌਰ ਤੇ ਮਨਾਇਆ ਜਾ ਰਿਹਾ ਏ। ਇਸੇ ਸੇਵਾ ਪਖਵਾੜੇ ਦੇ ਤਹਿਤ ਪੰਜਾਬ ਦੇ BJP ਦਫ਼ਤਰ ਸੈਕਟਰ 37 ਚੰਡੀਗੜ੍ਹ ਵਿੱਚ ਅੱਜ ਇੱਕ ਕਵੀ ਸਮੇਂਲਨ ਦਾ ਆਯੋਜਨ ਕੀਤਾ ਗਿਆ। ਇਸ ਕਵੀ ਸੰਮੇਲਨ ਦੀ ਅਗੁਵਾਈ ਏਕਤਾ ਨਾਗਪਾਲ ਨੇ ਕੀਤੀ, ਜੋ ਕਈ ਸਾਲਾਂ ਤੋਂ ਸੰਗਠਨ ਨਾਲ ਜੁੜੀ ਨੇ ਅਤੇ ਪ੍ਰਦੇਸ਼ ਮਹਿਲਾ ਮੋਰਚਾ BJP ਦੀ ਮੀਤ ਪ੍ਰਧਾਨ ਨੇ। ਇਸ ਕਵੀ ਸੰਮੇਲਨ ਵਿੱਚ ਕਵੀ ਪ੍ਰੇਮ ਵਿਜ, ਡਾ.ਕ੍ਰਿਸ਼ਨ ਕਾਂਤ, ਰੇਖਾ ਮਿੱਤਲ, ਸੋਮੇਸ਼, ਅੰਨੂ ਰਾਣੀ ਸ਼ਰਮਾ, ਸ਼ਾਇਰ ਭੱਟੀ, ਮਮਤਾ ਕਾਲੜਾ, ਰੀਤੂ ਧਵਨ, ਡਾ. ਅਨੀਸ਼ ਗਰਗ ਅਤੇ ਡਾ. ਸੰਗੀਤਾ ਸ਼ਰਮਾ ਕੁੰਦਰਾ 'ਗੀਤ' ਮੌਜੂਦ ਸਨ।

---------------------------------------------------------------

ਪਟਿਆਲਾ ਦੇ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਅੱਜ ਝੋਨੇ ਦੀ ਖਰੀਦ ਦਾ ਜਾਇਜ਼ਾ ਲੈਣ ਲਈ ਅਨਾਜ ਮੰਡੀ ਦਾ ਦੌਰਾ ਕੀਤਾ। ਇਸ ਮੌਕੇ ਉਨ੍ਹਾਂ ਨੇ ਕਿਹਾ ਕਿ ਜ਼ਿਲ੍ਹੇ ਦੀਆਂ ਸਾਰੀਆਂ ਮੰਡੀਆਂ ਵਿੱਚ ਝੋਨੇ ਦੀ ਖਰੀਦ

ਦੇ ਪੁਖ਼ਤਾ ਪ੍ਰਬੰਧ ਕੀਤੇ ਗਏ ਨੇ ਤਾਂ ਕਿ ਕਿਸਾਨਾਂ ਨੂੰ ਆਪਣੀ ਫ਼ਸਲ ਵੇਚਣ ਸਮੇਂ ਕੋਈ ਦਿੱਕਤ ਨਾ ਆਵੇ। ਉਨ੍ਹਾਂ ਨੇ ਇਸ ਮੌਕੇ ਆੜ੍ਹਤੀਆ ਐਸੋਸੀਏਸ਼ਨ ਦੇ ਨੁਮਾਇੰਦਿਆਂ ਨਾਲ ਵੀ ਗੱਲਬਾਤ ਕੀਤੀ। ਪਟਿਆਲਾ ਮੰਡੀ ਵਿਖੇ ਡਾ. ਪ੍ਰੀਤੀ ਯਾਦਵ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਜਿਣਸ ਮੰਡੀਆਂ ਵਿੱਚ ਸੁਕਾ ਕੇ ਹੀ ਨਮੀ ਦੇ ਤੈਅ ਮਾਪਦੰਡਾਂ ਮੁਤਾਬਕ ਹੀ ਲੈਕੇ ਆਉਣ ਤਾਂ ਕਿ ਉਨ੍ਹਾਂ ਨੂੰ ਵਾਪਸ ਨਾ ਜਾਣਾ ਪਵੇ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਨੇ ਮੁੱਖ ਮੰਤਰੀ ਦੇ ਆਦੇਸ਼ਾਂ ਮੁਤਾਬਕ ਕਿਸਾਨਾਂ ਦੀ ਸਹੂਲਤ ਲਈ ਮੋਨੀਟਰਿੰਗ ਤੇ ਕਲਸਟਰ ਅਫ਼ਸਰ ਵੀ ਤਾਇਨਾਤ ਕੀਤੇ ਨੇ।\

------------------------------------------------------------

ਮੋਹਾਲੀ ਦੇ ਵੱਖ-ਵੱਖ ਹਿੱਸਿਆਂ 'ਚ ਸਵੇਰੇ 11 ਵਜੇ ਤੋਂ ਹੀ ਦਰਮਿਆਨੀ ਬਾਰਿਸ਼ ਹੋ ਰਹੀ ਏ। ਸਵੇਰੇ ਸਾਢੇ 10 ਵਜੇ ਤੱਕ ਸਾਫ਼ ਆਸਮਾਨ ਦੇ ਨਾਲ ਧੁੱਪ ਨਿਕਲੀ। ਹਵਾਵਾਂ ਨਾਲ ਬੱਦਲ ਵੀ ਦਿਖਾਈ ਦਿੱਤੇ। ਫਿਰ ਸਵੇਰੇ 11 ਵਜੇ ਹਲਕੀ ਬਾਰਿਸ਼ ਸ਼ੁਰੂ ਹੋ ਗਈ ਅਤੇ ਇਸ ਤੋਂ ਬਾਅਦ ਦਰਮਿਆਨੀ ਬਾਰਿਸ਼ ਹੋਈ। ਗਰਮੀ ਅਤੇ ਨਮੀ ਤੋਂ ਹੋਰ ਰਾਹਤ ਮਿਲਣ

ਕਾਰਨ ਤਾਪਮਾਨ ਵੀ ਘਟਿਆ ਏ। ਮੀਂਹ ਨਾਲ ਜਿੱਥੇ ਲੋਕ ਖੁਸ਼ ਨੇ ਦੂਜੇ ਪਾਸੇ ਕਿਸਾਨਾਂ ਦੇ ਚੇਹਰੇ ਜਰੂਰ ਮੁਰਝਾ ਗਏ ਨੇ। ਕਿਉਂਕਿ ਫਸਲ ਦੀ ਕਟਾਈ ਚੱਲ ਰਹੀ ਏ ਅਤੇ ਫਸਲ ਪਹਿਲਾਂ ਹੀ ਜ਼ਿਲਾ ਮੋਹਾਲੀ ਦੀਆਂ ਮੰਡੀਆਂ ਵਿੱਚ ਪਹੁੰਚ ਰਹੀ ਏ। ਕਿਸਾਨਾਂ ਨੇ ਕੱਲ੍ਹ ਤੋਂ ਪਏ ਮੀਂਹ ਨਾਲ ਹਾਈਬ੍ਰਿਡ ਝੋਨੇ ਦੇ ਹੋਏ ਨੁਕਸਾਨ ਦੇ ਮੁਆਵਜ਼ੇ ਦੀ ਮੰਗ ਕੀਤੀ ਏ। ਇਸ ਦਾ ਝੋਨੇ ਦੀ ਫ਼ਸਲ 'ਤੇ ਬਹੁਤ ਪ੍ਰਭਾਵ ਪੈਂਦਾ ਏ|